Tape/CD: 1303

# ਪੰਨਾ ੧੨੬੯

ਮਲਾਰ ਮਹਲਾ ੫ ॥ ਅਬ ਅਪਨੇ ਪ੍ਰੀਤਮ ਸਿਉ ਬਨ ਆਈ ॥ ਰਾਜਾ ਰਾਮੁ ਰਮਤ ਸੁਖੁ ਪਾਇਓ ਬਰਸੁ ਮੇਘ ਸੁਖਦਾਈ ॥ ੧ ॥ ਰਹਾਉ ॥ ਇਕੁ ਪਲੁ ਬਿਸਰਤ ਨਹੀ ਸੁਖ ਸਾਗਰੁ ਨਾਮੁ ਨਵੈ ਨਿਧਿ ਪਾਈ ॥ ਊਦੌਤੁ ਭਇਓ ਪੂਰਨ ਭਾਵੀ ਕੌ ਭੇਟੇ ਸੰਤ ਸਹਾਈ ॥ ੧ ॥ ਸੁਖ ਉਪਜੇ ਦੂਖ ਸਗਲ ਬਿਨਾਸੇ ਪਾਰਬ੍ਰਹਮ ਲਿਵ ਲਾਈ ॥ ਤਰਿਓ ਸੰਸਾਰੁ ਕਠਿਨ ਭੈ ਸਾਗਰੁ ਹਰਿ ਨਾਨਕ ਚਰਨ ਧਿਆਈ ॥ ੨ ॥ ੬ ॥ ੧੦ ॥

Tape/CD: 1303

# ਪੰਨਾ ੧੯੦-੧੯੧

ਗਉੜੀ ਮਹਲਾ ੫ ॥ ਕਲਿ ਕਲੇਸ ਗੁਰ ਸਬਦਿ ਨਿਵਾਰੇ ॥
ਆਵਣ ਜਾਣ ਰਹੇ ਸੁਖ ਸਾਰੇ ॥ ੧ ॥ ਭੈ ਬਿਨਸੇ ਨਿਰਭਉ
ਹਰਿ ਧਿਆਇਆ ॥ ਸਾਧਸੰਗਿ ਹਰਿ ਕੇ ਗੁਣ ਗਾਇਆ
॥ ੧ ॥ ਰਹਾਉ ॥ ਚਰਨ ਕਵਲ ਰਿਦ ਅੰਤਰਿ ਧਾਰੇ ॥
ਅਗਨਿ ਸਾਗਰ ਗੁਰਿ ਪਾਰਿ ਉਤਾਰੇ ॥ ੨ ॥ ਬੂਡਤ ਜਾਤ ਪੂਰੈ
ਗੁਰਿ ਕਾਢੇ ॥ ਜਨਮ ਜਨਮ ਕੇ ਟੂਟੇ ਗਾਢੇ ॥ ੩ ॥ ਕਹੁ
ਨਾਨਕ ਤਿਸੁ ਗੁਰ ਬਲਿਹਾਰੀ ॥ ਜਿਸੁ ਭੇਟਤ ਗਤਿ ਭਈ
ਹਮਾਰੀ ॥ ੪ ॥ ੫੬ ॥ ੧੨੫ ॥

Tape/CD: 1303

# ਪੰਨਾ ੫੯੨

ਸਲੋਕੁ ਮਃ ੩ ॥ ਜਿਨ ਕੰਉ ਸਤਿਗੁਰੁ ਭੇਟਿਆ ਸੇ ਹਰਿ ਕੀਰਤਿ ਸਦਾ ਕਮਾਹਿ ॥ ਅਚਿੰਤੁ ਹਰਿ ਨਾਮੁ ਤਿਨ ਕੈ ਮਨਿ ਵਸਿਆ ਸਚੈ ਸਬਦਿ ਕਮਾਹਿ ॥ ਕੁਲੁ ਉਧਾਰਹਿ ਆਪਣਾ ਮੋਖ ਪਦਵੀ ਆਪੇ ਪਾਹਿ ॥ ਪਾਰਬ੍ਰਹਮੁ ਤਿਨ ਕੰਉ ਸੰਤੁਸਟੁ ਭਇਆ ਜੋ ਗੁਰ ਚਰਨੀ ਜਨ ਪਾਹਿ ॥ ਜਨੁ ਨਾਨਕ ਹਰਿ ਕਾ ਦਾਸੁ ਹੈ ਕਰਿ ਕਿਰਪਾ ਹਰਿ ਲਾਜ ਰਖਾਹਿ ॥ ੧ ॥